# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 26-02-2025**

- ਵਿਸ਼ਵ ਦਾ ਸਭ ਤੋਂ ਵੱਡਾ ਅਧਿਆਤਮਕ ਅਤੇ ਸੱਭਿਆਚਾਰਕ ਸਮਾਗਮ, ਮਹਾਕੁੰਭ ਅੱਜ ਮਹਾਸ਼ਿਵਰਾਤਰੀ ਦੇ ਅੰਤਿਮ ਇਸ਼ਨਾਨ ਨਾਲ ਸੰਪੂਰਨ ਹੋ ਰਿਹਾ ਏ।
- ਮਹਾ-ਸ਼ਿਵਰਾਤਰੀ ਦਾ ਤਿਓਹਾਰ ਅੱਜ ਪੰਜਾਬ ਸਮੇਤ ਦੇਸ਼ ਭਰ 'ਚ ਪੂਰੀ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ - ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਇਸ ਸ਼ੁਭ ਅਵਸਰ 'ਤੇ ਵਧਾਈ ਦਿੱਤੀ।
- ਪੰਜਾਬ ਦੇ ਵਧੀਕ ਮੁੱਖ ਸਕੱਤਰ ਤੇ ਵਿੱਤ ਕਮਿਸ਼ਨਰ ਮਾਲ ਅਨੁਰਾਗ ਵਰਮਾ ਨੇ ਇਕ ਨਾਇਬ ਤਹਿਸੀਲਦਾਰ ਨੂੰ ਭ੍ਰਿਸ਼ਟਾਚਾਰ ਦੇ ਦੋਸ਼ ਤਹਿਤ ਬਰਖ਼ਾਸਤ ਕਰਨ ਦੇ ਦਿੱਤੇ ਹੁਕਮ।
- ਸਰਹੱਦੀ ਸੁਰੱਖਿਆ ਬਲ ਨੇ ਪਠਾਨਕੋਟ ਵਿੱਚ ਕੌਮਾਂਤਰੀ ਸਰਹੱਦ 'ਤੇ ਘੁਸਪੈਠ ਦੀ ਕੋਸ਼ਿਸ਼ ਕਰ ਰਹੇ ਪਾਕਿਸਤਾਨੀ ਘੁਸਪੈਠਿਯੇ ਨੂੰ ਮਾਰ ਗਿਰਾਇਆ।

- ਕੇਂਦਰੀ ਸੈਕੰਡਰੀ ਸਿੱਖਿਆ ਬੋਰਡ 2025-26 ਤੋਂ, 10ਵੀਂ ਦੀਆਂ ਪ੍ਰੀਖਿਆਵਾਂ ਦੋ ਵਾਰ ਕਰਵਾਉਣ ਬਾਰੇ ਖਰੜਾ ਜਾਰੀ ਕਰਕੇ ਲੋਕਾਂ ਤੋਂ ਵਿਚਾਰ ਮੰਗੇ।
- ਪੰਜਾਬ ਅਰੀਨਾ ਪੋਲੋ ਚੈਲੇਂਜ ਕੱਪ ਦਾ 6ਵਾਂ ਐਡੀਸ਼ਨ ਸ੍ਰੀ ਆਨੰਦਪੁਰ ਸਾਹਿਬ ਵਿਖੇ ਹੋਲਾ ਮੁਹੱਲਾ ਸਮਾਗਮ ਦੌਰਾਨ ਹੋਵੇਗਾ ।

------------------------------------------------------------------------

ਉੱਤਰ ਪ੍ਰਦੇਸ਼ ਦੇ ਪ੍ਰਯਾਗਰਾਜ ਵਿੱਚ ਚੱਲ ਰਿਹਾ ਮਹਾਕੰਭ ਅੱਜ ਮਹਾਸ਼ਿਵਰਾਤਰੀ ਦੇ ਨਾਲ ਸਮਾਪਤ ਹੋ ਰਿਹਾ ਏ। ਇਸ ਮੌਕੇ 'ਤੇ ਦੇਸ਼ ਭਰ ਤੋਂ ਸ਼ਰਧਾਲੂਆਂ ਨੇ ਅੱਜ ਸਵੇਰੇ ਤੋਂ ਹੀ ਸੰਗਮ ਅਤੇ ਹੋਰ ਘਾਟਾਂ' ਤੇ ਸਨਾਨ ਕੀਤਾ। 13 ਜਨਵਰੀ ਤੋਂ ਸ਼ੁਰੂ ਹੋਏ ਮਹਾਕੰਭ ਵਿੱਚ ਹੁਣ ਤੱਕ 64 ਕਰੋੜ 60 ਲੱਖ ਤੋਂ ਵੱਧ ਸ਼ਰਧਾਲੂ ਸਨਾਨ ਕਰ ਚੁੱਕੇ ਹਨ। ਮਹਾ ਸ਼ਿਵਰਾਤਰੀ ਦਾ ਸ਼ੁਭ ਪਰਵ ਭਗਵਾਨ ਸ਼ਿਵ ਅਤੇ ਦੇਵੀ ਪਾਰਵਤੀ ਦੇ ਵਿਆਹ ਨੂੰ ਮਨਾਉਣ ਲਈ ਮਨਾਇਆ ਜਾਂਦਾ ਏ ਅਤੇ ਮਹਾਕੁੰਭ ਮੌਕੇ ਇਸਦਾ ਮਹੱਤਵ ਹੋਰ ਵੱਧ ਗਿਆ ਏ। ਅੱਜ ਮਹਾਕੁੰਭ ਦੇ ਆਖਰੀ ਦਿਨ ਸ਼ਰਧਾਲੂਆਂ ਦੀ ਭੀੜ ਨੂੰ ਕੰਟਰੋਲ ਕਰਨ ਲਈ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ।

------------------------------------------------------------------------

ਪ੍ਰਸਾਰ ਭਾਰਤੀ ਬੋਰਡ ਦੇ ਚੇਅਰਮੈਨ ਡਾ. ਨਵਨੀਤ ਸਹਿਗਲ ਨੇ ਕਿਹਾ

ਏ ਕਿ ਆਕਾਸ਼ਵਾਣੀ  ਨੇ ਹਮੇਸ਼ਾ ਲੋਕਾਂ ਨੂੰ ਦੇਸ਼ ਦੇ ਸੱਭਿਆਚਾਰ ਨਾਲ ਜੋੜਨ  ਵਿੱਚ ਪ੍ਰਮੁੱਖ ਭੂਮਿਕਾ ਨਿਭਾਈ ਏ । ਉਨ੍ਹਾਂ ਕਿਹਾ ਕਿ ਆਕਾਸ਼ਵਾਣੀ ਇੱਕ ਜਨਤਕ ਪ੍ਰਸਾਰਕ ਦੇ ਰੂਪ ਵਿੱਚ ਆਪਣੀ ਜ਼ਿੰਮੇਵਾਰੀ ਨੂੰ ਬਹੁਤ ਗੰਭੀਰਤਾ ਨਾਲ ਲੈਂਦਾ ਏ। ਮਹਾਕੁੰਭ ਦੇ ਆਖਰੀ ਦਿਨ ਆਪਣੇ ਸੰਦੇਸ਼ ਵਿੱਚ ਸ਼੍ਰੀ ਸਹਿਗਲ ਨੇ ਕਿਹਾ  । BYTE: ਪ੍ਰਸਾਰ ਭਾਰਤੀ ਦੇ ਮੁਖ ਕਾਰਜਕਾਰੀ ਅਧਿਕਾਰੀ ਗੌਰਵ ਦਿਵੇਦੀ ਨੇ ਮਹਾਕੰਭ ਦੌਰਾਨ ਪ੍ਰਯਾਗਰਾਜ ਵਿੱਚ ਆਕਾਸ਼ਵਾਣੀ ਦੇ ਕੁੰਭਵਾਣੀ ਚੈਨਲ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਆਕਾਸ਼ਵਾਣੀ ਨੇ ਕੁੰਭਵਾਨੀ ਖ਼ਬਰਾਂ, ਇੰਟਰਵਿਊ ਅਤੇ ਵਿਸ਼ੇਸ਼ ਪ੍ਰੋਗਰਾਮ ਪ੍ਰਦਾਨ ਕਰਕੇ ਇੱਕ ਜਨਤਕ ਸੇਵਾ ਪ੍ਰਸਾਰਕ ਵਜੋਂ ਸ਼ਾਨਦਾਰ ਭੂਮਿਕਾ ਨਿਭਾਈ ਏ। ਆਕਾਸ਼ਵਾਣੀ  ਦੇ ਮਹਾ ਨਿਦੇਸ਼ਕ ਪ੍ਰੱਗਿਆ ਪਾਲੀਵਾਲ ਗੌੜ ਨੇ ਬਹੁਤ ਹੀ ਘੱਟ ਸਮੇਂ ਵਿੱਚ, ਵੱਡੀ ਗਿਣਤੀ ਵਿੱਚ ਸਰੋਤਿਆਂ ਤੱਕ ਪਹੁੰਚਣ ਲਈ  ਕੁੰਭਵਾਣੀ ਦੀ ਸਫਲਤਾ ਦੀ ਸ਼ਲਾਘਾ ਕੀਤੀ  ।

---------------------------------------------------------------------------

ਮਹਾ-ਸ਼ਿਵਰਾਤਰੀ ਦਾ ਤਿਉਹਾਰ ਅੱਜ ਪੰਜਾਬ ਦੇਸ਼ ਭਰ 'ਚ ਪੂਰੀ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ । ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਲੋਕਾਂ ਨੂੰ

ਮਹਾਸ਼ਿਵਰਾਤਰੀ ਦੇ ਸ਼ੁਭ ਅਵਸਰ 'ਤੇ ਵਧਾਈ ਦਿੱਤੀ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਇੱਕ ਸੋਸ਼ਲ ਮੀਡੀਆ ਪੋਸਟ ਉੱਤੇ ਆਪਣੇ ਸੰਦੇਸ਼ ਵਿੱਚ ਕਾਮਨਾ ਕੀਤੀ ਕਿ ਭਗਵਾਨ ਮਹਾਦੇਵ ਦਾ ਅਸ਼ੀਰਵਾਦ ਸਾਰੇ ਲੋਕਾਂ ਉੱਤੇ ਬਣਿਆ ਰਹੇ ਅਤੇ ਭਾਰਤ ਪ੍ਰਗਤੀ ਦੇ ਮਾਰਗ ਉੱਤੇ ਨਿਰੰਤਰ ਅੱਗੇ ਵਧਦਾ ਰਹੇ।

ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਇਹ ਤਿਉਹਾਰ, ਸਵੈ-ਨਿਰੀਖਣ ਅਤੇ ਅਧਿਆਤਮਕ ਚੇਤਨਾ ਦਾ ਪ੍ਰਤੀਕ ਏ , ਜੋ ਲੋਕਾਂ ਨੂੰ ਗਿਆਨ, ਸੰਜਮ ਅਤੇ ਦਇਆ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਦਾ ਏ । ਸ਼੍ਰੀ ਧਨਖੜ ਨੇ ਕਾਮਨਾ ਕੀਤੀ ਕਿ ਭਗਵਾਨ ਸ਼ਿਵ ਦਾ ਅਸ਼ੀਰਵਾਦ ਸਮੁੱਚੇ ਬ੍ਰਹਿਮੰਡ ਉੱਤੇ ਬਣਿਆ ਰਹੇ ਅਤੇ ਭਾਰਤ ਪ੍ਰਗਤੀ ਅਤੇ ਖੁਸ਼ਹਾਲੀ ਦੇ ਰਾਹ ਉੱਤੇ ਲਗਾਤਾਰ ਅਗੇ ਵੱਧਦਾ ਰਹੇ। ਇਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਾਮਨਾ ਕੀਤੀ ਕਿ ਭਗਵਾਨ ਸ਼ਿਵ ਨੂੰ ਸਮਰਪਿਤ ਇਹ ਤਿਉਹਾਰ ਸਾਰੇ ਦੇਸ਼ਵਾਸੀਆਂ ਲਈ ਖੁਸ਼ਹਾਲੀ ਅਤੇ ਚੰਗੀ ਸਿਹਤ ਲਿਆਵੇਗਾ। ਪ੍ਰਧਾਨ ਮੰਤਰੀ ਨੇ ਆਸ ਪ੍ਰਗਟਾਈ ਕਿ ਇਹ ਉਤਸਵ, ਵਿਕਸਿਤ ਭਾਰਤ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰੇਗਾ।

--------------------------------------------------------------------

ਪੰਜਾਬ ਦੇ ਵਧੀਕ ਮੁੱਖ ਸਕੱਤਰ ਤੇ ਵਿੱਤ ਕਮਿਸ਼ਨਰ ਮਾਲ ਅਨੁਰਾਗ ਵਰਮਾ ਨੇ ਖਰੜ ਦੇ ਪਿੰਡ ਸਿਉਂਕ ਵਿਖੇ ਸ਼ਾਮਲਾਤ ਦਾ ਇੰਤਕਾਲ ਗੈਰ-ਕਾਨੂੰਨੀ ਤੌਰ 'ਤੇ ਪ੍ਰਾਈਵੇਟ ਵਿਅਕਤੀਆਂ ਦੇ ਹੱਕ ਵਿੱਚ ਕਰਨ ਲਈ ਨਾਇਬ ਤਹਿਸੀਲਦਾਰ ਵਰਿੰਦਰਪਾਲ ਸਿੰਘ ਧੂਤ ਨੂੰ ਬਰਖ਼ਾਸਤ ਕਰਨ ਦੇ ਹੁਕਮ ਦਿੱਤੇ ਨੇ। ਨਾਇਬ ਤਹਿਸੀਲਦਾਰ ਖਿਲਾਫ ਇਹ ਕਾਰਵਾਈ ਇੱਕ ਵਿਆਪਕ ਜਾਂਚ ਮਗਰੋਂ ਕੀਤੀ ਗਈ ਏ। ਇਸ ਵਿਆਪਕ ਜਾਂਚ ਤੋਂ ਪਤਾ ਲੱਗਾ ਕਿ ਮੁਲਜ਼ਮ ਨੇ ਐਸ.ਏ.ਐਸ. ਨਗਰ ਦੇ ਪਿੰਡ ਮਾਜਰੀ, ਵਿਖੇ ਨਾਇਬ ਤਹਿਸੀਲਦਾਰ ਵਜੋਂ ਆਪਣੀ ਤਾਇਨਾਤੀ ਦੌਰਾਨ 28 ਸਤੰਬਰ, 2016 ਨੂੰ ਇਕ ਇੰਤਕਾਲ ਨੂੰ ਮਨਜ਼ੂਰੀ ਦਿੱਤੀ ਸੀ, ਜਿਸ ਵਿੱਚ ਖਰੜ ਤਹਿਸੀਲ ਦੇ ਪਿੰਡ ਸਿਉਂਕ ਦੀ 10 ਹਜ਼ਾਰ 365 ਕਨਾਲ ਅਤੇ 19 ਮਰਲੇ ਸ਼ਾਮਲਾਤ ਜ਼ਮੀਨ ਦੀ ਮਲਕੀਅਤ ਪ੍ਰਾਈਵੇਟ ਵਿਅਕਤੀਆਂ ਦੇ ਨਾਂ ਕਰ ਦਿੱਤੀ ਗਈ ਸੀ। ਜਾਂਚ ਦੌਰਾਨ ਪਤਾ ਲੱਗਾ ਕਿ ਇਹ ਇੰਤਕਾਲ, ਪੰਜਾਬ ਸਰਕਾਰ ਦੇ ਮਾਲ ਵਿਭਾਗ ਵੱਲੋਂ ਜਾਰੀ ਸਪੱਸ਼ਟ ਹਦਾਇਤਾਂ ਅਤੇ ਜਗਪਾਲ ਸਿੰਘ ਬਨਾਮ ਪੰਜਾਬ ਕੇਸ (2011) ਵਿੱਚ ਸੁਪਰੀਮ ਕੋਰਟ ਵੱਲੋਂ ਜਾਰੀ ਫੈਸਲੇ ਜਿਸ ਤਹਿਤ ਸ਼ਾਮਲਾਟ ਜ਼ਮੀਨ ਨੂੰ ਪ੍ਰਾਈਵੇਟ ਧਿਰਾਂ ਦੇ ਨਾਂ ‘ਤੇ ਤਬਦੀਲ ਕਰਨ ਜਾਂ ਇੰਤਕਾਲ ਕਰਨ 'ਤੇ ਪਾਬੰਦੀ ਲਗਾਈ ਗਈ ਸੀ, ਨੂੰ ਅਣਗੌਲਿਆਂ ਕਰਦਿਆਂ ਕੀਤਾ ਗਿਆ ਸੀ। ਸੇਵਾਮੁਕਤ ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਬੀ.ਆਰ. ਬਾਂਸਲ ਵੱਲੋਂ

ਪੇਸ਼ ਕੀਤੀ ਗਈ ਜਾਂਚ ਰਿਪੋਰਟ ਵਿੱਚ ਇਹ ਗੱਲ ਸਾਹਮਣੇ ਆਈ ਏ ਕਿ ਧੂਤ ਨੇ ਨਾ ਸਿਰਫ਼ ਗੈਰ-ਕਾਨੂੰਨੀ ਤੌਰ 'ਤੇ ਇੰਤਕਾਲ ਨੂੰ ਮਨਜ਼ੂਰੀ ਦਿੱਤੀ ਸੀ, ਸਗੋਂ ਖੇਵਟ-ਦਾਰਾਂ ਤੇ ਕਬਜ਼ਾਧਾਰਕਾਂ ਦੇ ਹਿੱਸਿਆਂ ਨੂੰ ਬਿਨਾਂ ਸਹੀ ਤਸਦੀਕ ਦੇ ਵਧਾ ਜਾਂ ਘਟਾ ਕੇ ਘਪਲੇਬਾਜ਼ੀ ਵੀ ਕੀਤੀ ਸੀ। ਜ਼ਿਕਰਯੋਗ ਏ ਕਿ ਇਸ ਤੋਂ ਪਹਿਲਾਂ ਅਨੁਰਾਗ ਵਰਮਾ ਨੇ ਤਹਿਸੀਲਦਾਰ ਰਣਜੀਤ ਸਿੰਘ ਨੂੰ ਲੁਧਿਆਣਾ ਪੂਰਬੀ ਤਹਿਸੀਲ ਦਫ਼ਤਰ ਵਿੱਚ ਬੈਠ ਕੇ ਜਗਰਾਉਂ ਵਿੱਚ ਜਾਇਦਾਦ ਸਬੰਧੀ ਦਸਤਾਵੇਜ਼ਾਂ ਨੂੰ ਧੋਖਾਧੜੀ ਨਾਲ ਰਜਿਸਟਰ ਕਰਨ ਦੇ ਦੋਸ਼ ਵਿੱਚ ਮੁਅੱਤਲ ਕਰ ਦਿੱਤਾ ਸੀ।

---------------------------------------------------------------------

ਵਰਲਡ ਆਡੀਓ-ਵਿਜ਼ੂਅਲ ਐਂਟਰਟੇਨਮੈਂਟ ਸਮਿਟ-ਵੇਵਸ 2025 ਵਿੱਚ ਹਿੱਸਾ ਲੈ ਕੇ 'ਰੀਲ ਮੇਕਿੰਗ' ਵਿੱਚ ਰਚਨਾਤਮਕਤਾ ਵਿਖਾਉਣ ਦਾ ਇੱਕ ਵਿਲੱਖਣ ਮੌਕਾ ਏ। ਇਹ ਚੁਣੌਤੀ, ਕ੍ਰਿਏਟ ਇਨ ਇੰਡੀਆ ਚੈਲੇਂਜਜ਼ ਦਾ ਹਿੱਸਾ ਏ ਅਤੇ ਵੇਵਜ਼ ਤਹਿਤ ਪ੍ਰਮੁੱਖ ਪਹਿਲ ਏ। ਇਹ ਪਹਿਲੀ ਮਈ ਤੋਂ 4 ਮਈ ਤੱਕ ਮੁੰਬਈ ਦੇ ਜੀਓ ਵਰਲਡ ਕਨਵੈਨਸ਼ਨ ਸੈਂਟਰ ਅਤੇ ਜੀਓ ਵਰਲਡ ਗਾਰਡਨ ਵਿੱਚ ਆਯੋਜਿਤ ਕੀਤਾ ਜਾਵੇਗਾ। ਇਹ ਪ੍ਰੋਗਰਾਮ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਸਹਿਯੋਗ ਨਾਲ,

ਇੰਟਰਨੈੱਟ ਐਂਡ ਮੋਬਾਈਲ ਐਸੋਸੀਏਸ਼ਨ ਆਫ ਇੰਡੀਆ ਵਲੋਂ ਆਯੋਜਿਤ ਕੀਤਾ ਜਾ ਰਿਹਾ ਏ। ਵੇਵਜ਼ 2025 "ਰੀਲ ਮੇਕਿੰਗ" ਚੈਲੇਂਜ ਮੁਕਾਬਲੇ ਲਈ, ਹਿੱਸਾ ਲੈਣ ਵਾਲਿਆਂ ਨੂੰ ਨੂੰ 30 ਤੋਂ 90 ਸੈਕਿੰਡ ਦੇ ਫਿਲਮ ਸਰੂਪ ਵਿੱਚ ਮੈਟਾ ਦੇ ਸਾਧਨਾਂ ਦੀ ਵਰਤੋਂ ਕਰਦਿਆਂ, ਆਪਣੀ ਕਹਾਣੀ ਸੁਣਾਉਣ ਦੇ ਹੁਨਰ ਦਾ ਪ੍ਰਦਰਸ਼ਨ ਕਰਨਾ ਏ। ਇਸ ਚੁਣੌਤੀ ਲਈ ਪੰਜਾਬ ਸਮੇਤ ਪੂਰੇ ਭਾਰਤ ਅਤੇ 23 ਦੇਸ਼ਾਂ ਤੋਂ 5 ਹਜ਼ਾਰ 600 ਐਂਟਰੀਆਂ ਪ੍ਰਾਪਤ ਹੋਈਆਂ ਸਨ। 20 ਸਾਲ ਤੋਂ ਵੱਧ ਉਮਰ ਦੇ ਪ੍ਰਤੀਭਾਗੀ, ਦੇਸ਼ ਦੇ ਭਵਿੱਖ ਦੇ ਵਿਕਾਸ ਦੀ ਕਲਪਨਾ ਕਰਦੇ ਹੋਏ 'ਵਿਕਸਿਤ ਭਾਰਤ' ਅਤੇ 'ਇੰਡੀਆ @2047' ਵਿਸ਼ਿਆਂ 'ਤੇ ਰੀਲ ਬਣਾ ਕੇ, ਇਸ ਚੁਣੌਤੀ ਵਿੱਚ ਹਿੱਸਾ ਲੈ ਸਕਦੇ ਨੇ। ਇਨ੍ਹਾਂ ਵਿਸ਼ਿਆਂ ਵਿੱਚ ਭੋਜਨ, ਯਾਤਰਾ, ਫੈਸ਼ਨ, ਨ੍ਰਿਤ ਅਤੇ ਸੰਗੀਤ, ਯੋਗਾ ਅਤੇ ਤੰਦਰੁਸਤੀ ਸਮੇਤ ਹੋਰ ਕੁਝ ਸ਼ਾਮਲ ਏ। ਇਸ ਲਈ ਰਜਿਸਟ੍ਰੇਸ਼ਨ 15 ਮਾਰਚ ਨੂੰ ਖਤਮ ਹੋ ਜਾਵੇਗੀ। ਵਧੇਰੇ ਜਾਣਕਾਰੀ ਲਈ ਗੂਗਲ ਪਲੇਅ ਸਟੋਰ ਤੋਂ ਵੇਵਸ ਐਪ ਡਾਊਨਲੋਡ ਕੀਤੀ ਜਾ ਸਕਦੀ ਏ। ਪੇਸ਼ ਏ ਇਕ ਰਿਪੋਰਟ -

----------------------------------------------------------------------

ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (ਸੀ. ਬੀ. ਐੱਸ. ਈ.) 2025-26 ਤੋਂ 10ਵੀਂ ਦੀਆਂ ਪ੍ਰੀਖਿਆਵਾਂ ਦੋ ਵਾਰ ਕਰਵਾਉਣ ਦੀ ਯੋਜਨਾ ਬਣਾ ਰਿਹਾ ਏ। ਬੋਰਡ ਨੇ 9 ਮਾਰਚ ਤੱਕ ਇਸ ਲਈ ਤਿਆਰ ਕੀਤੇ ਗਏ ਖਰੜੇ 'ਤੇ

ਲੋਕਾਂ ਤੋਂ ਵਿਚਾਰ ਮੰਗੇ ਹਨ। ਖਰੜੇ ਵਿੱਚ ਪਹਿਲੀ ਪ੍ਰੀਖਿਆ ਫਰਵਰੀ ਤੋਂ ਮਾਰਚ ਤੱਕ ਅਤੇ ਦੂਜੀ ਪ੍ਰੀਖਿਆ ਮਈ ਵਿੱਚ ਕਰਵਾਉਣ ਦੀ ਤਜਵੀਜ ਏ। ਸੀ.ਬੀ.ਐਸ.ਈ ਨੇ ਕਿਹਾ ਏ ਕਿ ਦੋ ਪ੍ਰੀਖਿਆਵਾਂ ਵਿੱਚੋਂ ਇੱਕ ਮੁੱਖ ਪ੍ਰੀਖਿਆ ਹੋਵੇਗੀ ਅਤੇ ਜੇ ਵਿਦਿਆਰਥੀ ਸੁਧਾਰ ਦੀ ਜ਼ਰੂਰਤ ਮਹਿਸੂਸ ਕਰਦੇ ਹਨ ਤਾਂ ਉਹ ਦੂਜੀ ਪ੍ਰੀਖਿਆ ਵਿੱਚ ਬੈਠ ਸਕਣਗੇ।

-----------------------------------------------------------------

ਜਲੰਧਰ ਦੇ ਵਧੀਕ ਡਿਪਟੀ ਕਮਿਸ਼ਨਰ ਮੇਜਰ ਡਾ. ਅਮਿਤ ਮਹਾਜਨ ਨੇ ਜਲੰਧਰ (ਦਿਹਾਤੀ) ਦੇ ਅਧਿਕਾਰ ਖੇਤਰ ਨੂੰ 'ਨੋ ਡਰੋਨ ਜ਼ੋਨ' ਐਲਾਨਿਆ ਏ ਅਤੇ ਡਰੋਨ ਉਡਾਉਣ 'ਤੇ ਤੁਰੰਤ ਪ੍ਰਭਾਵ ਤੇ ਸਖ਼ਤੀ ਨਾਲ ਪਾਬੰਦੀ ਹੋਵੇਗੀ। ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਜਾਰੀ ਹੁਕਮਾਂ ਵਿੱਚ ਇਹ ਵੀ ਕਿਹਾ ਕਿ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਬਣਾਈ ਰੱਖਣ ਅਤੇ ਇਸੇ ਮੰਤਵ ਲਈ ਡਰੋਨ ਦੀ ਵਰਤੋਂ ਵਿੱਚ ਸ਼ਾਮਲ ਪੁਲਿਸ ਅਤੇ ਹਥਿਆਰਬੰਦ ਸੈਨਾਵਾਂ ਨੂੰ ਡਰੋਨ ਦੀ ਤਾਇਨਾਤੀ ਤੋਂ ਪਹਿਲਾਂ ਇਸ ਦਫ਼ਤਰ ਨੂੰ ਸੂਚਨਾ ਦੇਣੀ ਹੋਵੇਗੀ। ਇਹ ਹੁਕਮ ਅਗਲੇ ਦੋ ਮਹੀਨੇ ਤੱਕ ਲਾਗੂ ਰਹੇਗਾ।

-----------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਐਲਾਨ ਕੀਤਾ ਕਿ ਪੰਜਾਬ ਅਰੀਨਾ ਪੋਲੋ ਚੈਲੇਂਜ ਕੱਪ ਦਾ 6ਵਾਂ ਐਡੀਸ਼ਨ ਸ੍ਰੀ

ਆਨੰਦਪੁਰ ਸਾਹਿਬ ਵਿਖੇ ਹੋਲਾ ਮੁਹੱਲਾ ਸਮਾਗਮ ਦੌਰਾਨ ਹੋਵੇਗਾ ,ਜਿਸ ਵਿੱਚ ਦੇਸ਼ ਭਰ ਦੇ ਚੋਟੀ ਦੇ ਖਿਡਾਰੀ ਹਿੱਸਾ ਲੈਣਗੇ। ਉਨ੍ਹਾਂ ਇਸ ਟੂਰਨਾਮੈਂਟ ਲਈ ਆਨੰਦਪੁਰ ਸਾਹਿਬ ਪੋਲੋ ਟੀ-ਸ਼ਰਟ ਵੀ ਜਾਰੀ ਕੀਤੀ। ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਪੀਕਰ ਸੰਧਵਾਂ ਨੇ ਦੱਸਿਆ ਕਿ ਇਹ ਟੂਰਨਾਮੈਂਟ 14 ਮਾਰਚ ਨੂੰ ਸ੍ਰੀ ਅਨੰਦਪੁਰ ਸਾਹਿਬ ਸਥਿਤ ਚਰਨ ਗੰਗਾ ਸਟੇਡੀਅਮ ਵਿਖੇ ਸ਼ੁਰੂ ਹੋਵੇਗਾ । ਆਨੰਦਪੁਰ ਸਾਹਿਬ ਵਿਰਾਸ਼ਟੀ ਫਾਊਂਡੇਸ਼ਨ ਦੇ ਟਰੱਸਟੀ ਅਤੇ ਪ੍ਰਸਿੱਧ ਅੰਤਰ-ਰਾਸ਼ਟਰੀ ਪੋਲੋ ਖਿਡਾਰੀ ਅਤੇ ਦਿੱਲੀ ਪੋਲੋ ਐਂਡ ਰਾਈਡਿੰਗ ਕਲੱਬ ਦੇ ਕਪਤਾਨ ਸੋਢੀ ਵਿਕਰਮ ਸਿੰਘ ਨੇ ਕਿਹਾ ਕਿ ਉਹ, ਪੰਜਾਬ ਵਿੱਚ ਇਸ ਵੱਕਾਰੀ ਪੋਲੋ ਟੂਰਨਾਮੈਂਟ ਦੀ ਮੇਜ਼ਬਾਨੀ ਕਰਨ ਅਤੇ ਖੇਡਾਂ ਵਿੱਚ ਵਧੀਆ ਪ੍ਰਤਿਭਾਵਾਂ ਨੂੰ ਲਿਆਉਣ ਲਈ ਉਤਸ਼ਾਹਿਤ ਨੇ ।

----------------------------------------------------------------------

ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਵਿਸ਼ਵ ਦਾ ਸਭ ਤੋਂ ਵੱਡਾ ਅਧਿਆਤਮਕ ਅਤੇ ਸੱਭਿਆਚਾਰਕ ਸਮਾਗਮ, ਮਹਾਕੁੰਭ ਅੱਜ ਮਹਾਸ਼ਿਵਰਾਤਰੀ ਦੇ ਅੰਤਿਮ ਇਸ਼ਨਾਨ ਨਾਲ ਸੰਪੂਰਨ ਹੋ ਰਿਹਾ ਏ ।

- ਮਹਾ-ਸ਼ਿਵਰਾਤਰੀ ਦਾ ਤਿਉਹਾਰ ਅੱਜ ਪੰਜਾਬ ਸਮੇਤ ਦੇਸ਼ ਭਰ 'ਚ ਪੂਰੀ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ - ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਇਸ ਸ਼ੁਭ ਅਵਸਰ 'ਤੇ ਵਧਾਈ ਦਿੱਤੀ।
- ਪੰਜਾਬ ਦੇ ਵਧੀਕ ਮੁੱਖ ਸਕੱਤਰ ਤੇ ਵਿੱਤ ਕਮਿਸ਼ਨਰ ਮਾਲ ਅਨੁਰਾਗ ਵਰਮਾ ਨੇ ਇਕ ਨਾਇਬ ਤਹਿਸੀਲਦਾਰ ਨੂੰ ਭ੍ਰਿਸ਼ਟਾਚਾਰ ਦੇ ਦੋਸ਼ ਤਹਿਤ ਬਰਖ਼ਾਸਤ ਕਰਨ ਦੇ ਦਿੱਤੇ ਹੁਕਮ।
- ਸਰਹੱਦੀ ਸੁਰੱਖਿਆ ਬਲ ਨੇ ਪਠਾਨਕੋਟ ਵਿੱਚ ਕੌਮਾਂਤਰੀ ਸਰਹੱਦ 'ਤੇ ਘੁਸਪੈਠ ਦੀ ਕੋਸ਼ਿਸ਼ ਕਰ ਰਹੇ ਪਾਕਿਸਤਾਨੀ ਘੁਸਪੈਠਿਯੇ ਨੂੰ ਮਾਰ ਗਿਰਾਇਆ।
- ਕੇਂਦਰੀ ਸੈਕੰਡਰੀ ਸਿੱਖਿਆ ਬੋਰਡ 2025-26 ਤੋਂ, 10ਵੀਂ ਦੀਆਂ ਪ੍ਰੀਖਿਆਵਾਂ ਦੋ ਵਾਰ ਕਰਵਾਉਣ ਬਾਰੇ ਖਰੜਾ ਜਾਰੀ ਕਰਕੇ, ਲੋਕਾਂ ਤੋਂ ਵਿਚਾਰ ਮੰਗੇ।
- ਪੰਜਾਬ ਅਰੀਨਾ ਪੋਲੋ ਚੈਲੇਂਜ ਕੱਪ ਦਾ 6ਵਾਂ ਐਡੀਸ਼ਨ ਸ੍ਰੀ ਆਨੰਦਪੁਰ ਸਾਹਿਬ ਵਿਖੇ ਹੋਲਾ ਮੁਹੱਲਾ ਸਮਾਗਮ ਦੌਰਾਨ ਹੋਵੇਗਾ ।